# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :06-06-2026**

ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ । ਇਸ ਦੌਰਾਨ ਦੋਵਾਂ ਨੇ ਪੰਜਾਬ, ਚੰਡੀਗੜ੍ਹ, ਦਿੱਲੀ ਤੇ ਰਾਸ਼ਟਰੀ ਮਹੱਤਵ ਦੇ ਵੱਖ-ਵੱਖ ਮੁੱਦਿਆਂ 'ਤੇ ਵਿਆਪਕ ਚਰਚਾ ਕੀਤੀ । ਨੌਜਵਾਨਾਂ, ਖਾਸ ਕਰਕੇ ਸਰਹੱਦੀ ਖੇਤਰਾਂ ਦੇ ਲੋਕਾਂ ਨੂੰ ਹੁਨਰ ਵਿਕਾਸ ਪ੍ਰੋਗਰਾਮਾਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੋੜਨ ਬਾਰੇ ਵੀ ਵਿਆਪਕ ਗੱਲਬਾਤ ਹੋਈ । ਦੋਵਾਂ ਸ਼ਖਸ਼ੀਅਤਾਂ ਨੇ 2047 ਤੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰਨ ਲਈ ਯੁਵਾ ਸਸ਼ਕਤੀਕਰਨ ਤੇ ਹੁਨਰ ਵਿਕਾਸ ਨੂੰ ਮਹੱਤਵਪੂਰਨ ਥੰਮ੍ਹ ਦੱਸਿਆ ਤੇ ਇਸ ਦਿਸ਼ਾ ਵਿੱਚ ਨਿਰੰਤਰ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ।

-----------------------------------------------------------------

ਫਿਰੋਜ਼ਪੁਰ ਵਿੱਚ ਅੱਜ ਸਵੇਰੇ ਫਿਰੋਜ਼ਪੁਰ-ਫਾਜ਼ਿਲਕਾ ਸੜਕ 'ਤੇ ਇਕ ਵਾਹਨ ਦੇ ਟਰੱਕ ਨਾਲ ਟਕਰਾ ਜਾਣ ਕਾਰਨ ਘੱਟੋ-ਘੱਟ 9 ਲੋਕਾਂ ਦੀ ਮੌਤ ਹੋ ਗਈ ਜਦਕਿ 22 ਹੋਰ ਜ਼ਖਮੀ ਹੋ ਗਏ ਨੇ । ਇਹ ਸਾਰੇ ਪਰਿਵਾਰਕ ਮੈਂਬਰ ਸਨ ਤੇ ਬਿਆਸ ਦਰਿਆ ਵਿੱਚ ਕਿਸੇ ਮ੍ਰਿਤਕ ਰਿਸ਼ਤੇਦਾਰ ਦੀਆਂ ਅਸਥੀਆਂ ਜਲ ਪ੍ਰਵਾਹ ਕਰਨ ਲਈ ਬਿਆਸ ਜਾ ਰਹੇ ਸਨ । ਹਾਦਸੇ ਦੌਰਾਨ ਕਈਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਜ਼ਖਮੀਆਂ ਨੂੰ ਫਿਰੋਜ਼ਪੁਰ ਸਿਵਲ ਹਸਪਤਾਲ ਤੇ ਫਰੀਦਕੋਟ ਮੈਡੀਕਲ ਕਾਲਜ ਭਰਤੀ ਕਰਵਾਇਆ ਗਿਆ ਏ । ਪੁਲਿਸ ਸੂਤਰਾਂ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਜ਼ਖਮੀ 22 ਲੋਕਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਏ । ਹਾਦਸੇ ਤੋਂ ਬਾਅਦ ਮੌਕੇ 'ਤੇ ਪਹੁੰਚੇ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਸਥਾਨਕ ਨਿਵਾਸੀਆਂ ਦੀ ਸਹਾਇਤਾ ਨਾਲ ਬਚਾਅ ਕਾਰਜ ਸ਼ੁਰੂ ਕੀਤੇ ਤੇ ਜ਼ਖਮੀਆਂ ਨੂੰ ਸਥਾਨਕ ਹਸਪਤਾਲ ਵਿੱਚ ਦਾਖਲ ਕਰਵਾਇਆ।

-----------------------------------------------------------------

ਪੰਜਾਬ ਦੇ ਕਰ ਵਿਭਾਗ ਨੇ ਟੈਕਸ ਚੋਰੀ ਤੇ ਕਰਵਾਈ ਕਰਦਿਆਂ 200 ਤੋਂ ਵੱਧ ਵਾਹਨਾਂ ਦੀ ਜਾਂਚ ਦੌਰਾਨ ਲਗਭਗ 7 ਕਰੋੜ ਰੁਪਏ ਦਾ ਮਾਲ ਜ਼ਬਤ ਕੀਤਾ ਏ । ਇਸ ਬਾਰੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਹ ਕਾਰਵਾਈ ਮੁੱਖ ਤੌਰ 'ਤੇ ਮੰਡੀ ਗੋਬਿੰਦਗੜ੍ਹ, ਖੰਨਾ ਤੇ ਆਸ-ਪਾਸ ਦੇ ਇਲਾਕੇ ਵਿਚ ਕੀਤੀ ਗਈ । ਇਸ ਕਾਰਵਾਈ ਦੌਰਾਨ ਲੋਹੇ ਦਾ ਸਕ੍ਰੈਪ ਤੇ ਸਟੀਲ ਦਾ ਮਾਲ ਲੈ ਕੇ ਜਾ ਰਹੇ 200 ਤੋਂ ਵੱਧ ਵਾਹਨਾਂ ਨੂੰ ਜਾਂਚ ਲਈ ਰੋਕਿਆ ਗਿਆ । ਉਨਾਂ ਕਿਹਾ ਕਿ ਬੋਗਸ ਬਿਲਿੰਗ ਤੇ ਲੋੜੀਂਦੇ ਦਸਤਾਵੇਜ਼ਾਂ ਦੇ ਬਿਨਾਂ ਮਾਲ ਦੀ ਢੋਆ-ਢੁਆਈ ਚ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ 3.5 ਕਰੋੜ ਰੁਪਏ ਤੋਂ ਵੱਧ ਦਾ ਜੁਰਮਾਨਾ ਲਗਾਇਆ ਜਾਵੇਗਾ ।

-----------------------------------------------------------

ਪੰਜਾਬ ਸਰਕਾਰ ਨੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਦੋ ਕੈਡਿਟਾਂ ਨੂੰ ਏਅਰ ਫੋਰਸ ਕਾਮਨ ਐਡਮਿਸ਼ਨ ਟੈਸਟ ਅਤੇ ਨੈਸ਼ਨਲ ਡਿਫੈਂਸ ਅਕੈਡਮੀ ਮੈਰਿਟ

ਸੂਚੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਏ। ਕਿਸਾਨ ਦੀ ਧੀ ਮਹਿਕਪ੍ਰੀਤ ਕੌਰ ਨੇ ਏਅਰ ਫੋਰਸ ਅਕੈਡਮੀ ਮੈਰਿਟ ਸੂਚੀ ਵਿੱਚ ਦੇਸ਼ ਭਰ ਵਿੱਚੋਂ ਸਿਖਰਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਕੋਮਲਪ੍ਰੀਤ ਕੌਰ ਨੇ ਐਨਡੀਏ, ਖੜਕਵਾਸਲਾ ਵਿੱਚ ਦਾਖਲੇ ਲਈ ਏਆਈਆਰ-18 ਹਾਸਲ ਕੀਤਾ। ਇਹ ਰੱਖਿਆ ਸੇਵਾਵਾਂ ਵਿੱਚ ਔਰਤਾਂ ਲਈ ਇੱਕ ਵੱਡਾ ਮੀਲ ਪੱਥਰ ਏ । ਪੰਜਾਬ ਭਵਨ ਵਿਖੇ ਕਰਵਾਏ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਰੁਜ਼ਗਾਰ ਉਤਪਤੀ ਮੰਤਰੀ ਅਮਨ ਅਰੋੜਾ ਨੇ ਦੋਵਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ। ਜਦੋਂ ਕਿ ਰੋਪੜ ਨਿਵਾਸੀ ਅਤੇ ਮੌਜੂਦਾ ਸਮੇਂ ਮੋਹਾਲੀ ਵਿਖੇ ਪੰਜਾਬ ਪੁਲਿਸ ਵਿੱਚ ਕਾਂਸਟੇਬਲ ਵਜੋਂ ਕੰਮ ਕਰ ਰਹੇ ਗੁਰਸਿਮਰਨ ਸਿੰਘ ਨੇ ਵੀ ਏਅਰ ਫੋਰਸ ਕਾਮਨ ਐਡਮਿਸ਼ਨ ਟੈਸਟ ਪਾਸ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਏ। ਆਕਾਸ਼ਵਾਣੀ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਪਾਇਲਟ ਕੋਰਸ ਲਈ ਭਾਰਤੀ ਹਵਾਈ ਫੌਜ ਦੀ ਫਲਾਇੰਗ ਬ੍ਰਾਂਚ ਵਿੱਚ ਸ਼ਾਮਲ ਹੋਣਗੇ। ਡਰਾਈਵਰ ਪਿਤਾ ਅਤੇ ਕੱਪੜੇ ਸਿਉਣ ਦਾ ਕੰਮ ਕਰਨ ਵਾਲੀ ਮਾਂ ਦਾ ਪੁੱਤਰ, 2022 ਵਿੱਚ 12ਵੀਂ

ਜਮਾਤ ਤੋਂ ਬਾਅਦ ਪੁਲਿਸ ਵਿੱਚ ਭਰਤੀ ਹੋਇਆ ਅਤੇ ਨਾਲ-ਨਾਲ ਆਪਣੀ ਗ੍ਰੈਜੂਏਸ਼ਨ ਪੂਰੀ ਕੀਤੀ ਸੀ। ਉਸ ਨੇ ਨੈਸ਼ਨਲ ਡਿਫੈਂਸ ਅਕੈਡਮੀ ਦੀਆਂ ਪ੍ਰੀਖਿਆਵਾਂ ਵਿੱਚ ਕਈ ਵਾਰ ਸ਼ਮੂਲੀਅਤ ਕੀਤੀ ਤੇ ਅੰਤ ਵਿੱਚ ਰੱਖਿਆ ਬਲਾਂ ਵਿੱਚ ਸ਼ਾਮਲ ਹੋਣ ਦੇ ਆਪਣੇ ਸੁਪਨੇ ਨੂੰ ਪੂਰਾ ਕਰਨ ਵਿੱਚ ਸਫਲ ਹੋ ਗਿਆ।

---

ਚੋਣ ਕਮਿਸ਼ਨ ਵਲੋਂ ਚੰਡੀਗੜ੍ਹ ਵਿਖੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (ਐਸ.ਆਈ.ਆਰ.) ਤਹਿਤ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਦੇ ਚੋਣ ਅਧਿਕਾਰੀਆਂ ਲਈ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ । ਇਸ ਮੌਕੇ ਚੋਣ ਕਮਿਸ਼ਨ ਵੱਲੋਂ ਅਧਿਕਾਰੀਆਂ ਨੂੰ ਸੂਚਨਾ ਤਕਨਾਲੋਜੀ ਪ੍ਰਣਾਲੀਆਂ ਤੇ ਸਾਫਟਵੇਅਰ ਐਪਲੀਕੇਸ਼ਨਾਂ ਨਾਲ ਚੰਗੀ ਤਰ੍ਹਾਂ ਜਾਣੂ ਕਰਵਾਇਆ ਗਿਆ । ਇਸ ਪਹਿਲ ਦਾ ਉਦੇਸ਼ ਇਕਸਾਰ ਪ੍ਰਕਿਰਿਆਤਮਕ ਸਮਝ ਪੈਦਾ ਕਰਨਾ, ਆਈਟੀ ਤਿਆਰੀ ਨੂੰ ਮਜ਼ਬੂਤ ਕਰਨਾ ਤੇ ਵੋਟਰ ਸੂਚੀਆਂ ਦੀ ਸੋਧ ਪ੍ਰਕਿਰਿਆ ਦੇ ਸਹਿਜ, ਕੁਸ਼ਲ ਲਾਗੂਕਰਨ ਨੂੰ ਯਕੀਨੀ ਬਣਾਉਣਾ ਏ । ਪੰਜਾਬ ਦੇ ਮੁੱਖ ਚੋਣ

ਅਫ਼ਸਰ ਅਨਿੰਦਿਤਾ ਮਿਤਰਾ ਨੇ ਕਿਹਾ ਕਿ ਵਿਸ਼ੇਸ਼ ਤੀਬਰ ਸੋਧ ਇਹ ਯਕੀਨੀ ਬਣਾਉਣ ਲਈ ਇਕ ਮਹੱਤਵਪੂਰਨ ਅਭਿਆਸ ਏ ਕਿ ਅੰਤਿਮ ਵੋਟਰ ਸੂਚੀਆਂ ਪੂਰੀ ਤਰ੍ਹਾਂ ਸਹੀ, ਸਮਾਵੇਸ਼ੀ ਤੇ ਅੱਪ ਟੂ ਡੇਟ ਹੋਣ। ਉਨ੍ਹਾਂ ਕਿਹਾ ਕਿ ਲੋਕਤੰਤਰੀ ਪ੍ਰਕਿਰਿਆ ਦੀ ਪੂਰਨ ਅਖੰਡਤਾ ਤੇ ਪਾਰਦਰਸ਼ਤਾ ਬਣਾਈ ਰੱਖਣ ਲਈ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਕਰਮਚਾਰੀ ਤੇ ਨਵੀਨਤਕਨਾਲੋਜੀ ਦੀ ਰਣਨੀਤਕ ਵਰਤੋਂ ਬੁਨਿਆਦੀ ਪਹਿਲੂ ਨੇ।

-------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਬ ਡਵੀਜ਼ਨ ਹਸਪਤਾਲ ਸੁਲਤਾਨਪੁਰ ਲੋਧੀ ਨੂੰ ਅਤਿ ਆਧੁਨਿਕ ਆਰਥੋ ਆਪ੍ਰੇਸ਼ਨ ਟੇਬਲ ਭੇਟ ਕੀਤਾ ਏ। ਸੰਤ ਸੀਚੇਵਾਲ ਨੇ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਵਿੱਚ ਸਿਹਤ ਸਹੂਲਤਾਂ ਲਈ ਹੁਣ ਤੱਕ ਆਪਣੇ ਅਖਤਿਆਰ ਫੰਡ ਵਿੱਚੋਂ 73 ਲੱਖ 42 ਹਜ਼ਾਰ ਰੁਪਏ ਤੋਂ ਵੱਧ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾ ਚੁੱਕੀਆਂ ਨੇ। ਸੰਤ ਸੀਚੇਵਾਲ ਨੇ ਦੱਸਿਆ ਕਿ ਹਸਪਤਾਲ ਵਿੱਚ ਲਗਾਈ ਗਈ ਇਹ ਅਤਿ ਆਧੁਨਿਕ ਆਰਥੋ ਟੇਬਲ ਰਿਮੋਟ ਕੰਟਰੋਲ ਰਾਹੀਂ

ਚੱਲੇਗੀ, ਜਿਸ ਨਾਲ ਹੱਡੀਆਂ ਤੇ ਗੋਡੇ ਬਦਲਣ ਵਰਗੇ ਔਖੇ ਆਪ੍ਰੇਸ਼ਨ ਹੋਰ ਵੀ ਸੁਚਾਰੂ ਢੰਗ ਨਾਲ ਕੀਤੇ ਜਾ ਸਕਣਗੇ । ਇਸ ਮੌਕੇ ਕਪੂਰਥਲਾ ਦੇ ਸਿਵਲ ਸਰਜਨ ਡਾ. ਸੰਜੀਵ ਭਗਤ ਨੇ ਸੰਤ ਸੀਚੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਬਿਹਤਰ ਤੇ ਆਧੁਨਿਕ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ ।